ਨੰ:4/5/2014-2ਪੀਪੀ2/955073/1

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀ-2 ਸ਼ਾਖਾ)

DGSE

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰਜ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ,
ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ ਅਤੇ
ਸਮੂਹ ਸਬ-ਡਵੀਜਨਲ ਮੈਜਿਸਟਰੇਟ।

DySPD-AS
AM (Adm)
upload on website SSAPB 26/4/17

ਮਿਤੀ, ਚੰਡੀਗੜ੍ਹ: 12/4/2017

ਵਿਸ਼ਾ:- ਰਾਜ ਸਰਕਾਰ ਦੇ ਸਮੂਹ ਕਲਾਸ-1 ਅਫਸਰਾਂ ਦੀਆਂ ਪ੍ਰਾਪਰਟੀ ਰਿਟਰਨਾਂ ਸਬੰਧੀ।

*****

ਸ੍ਰੀਮਾਨ ਜੀ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਮੈਨੂੰ ਆਪ ਦਾ ਧਿਆਨ ਸਰਕਾਰ ਵੱਲੋਂ ਜਾਰੀ ਹਦਾਇਤਾਂ ਨੰ:4/3/2012-2ਪੀਪੀ2/559, ਮਿਤੀ 17.5.2012 ਵੱਲ ਦਿਵਾਉਂਦੇ ਹੋਏ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਇਹਨਾਂ ਹਦਾਇਤਾਂ ਰਾਹੀਂ ਸਰਕਾਰੀ ਕਰਮਚਾਰੀ (ਆਚਰਣ) ਨਿਯਮਾਵਲੀ, 1966 ਦੇ ਨਿਯਮ 18(1) (ii) ਅਧੀਨ ਹਰੇਕ ਸਰਕਾਰੀ ਕਰਮਚਾਰੀ ਜੋ ਗਰੁੱਪ-ਏ ਅਤੇ ਗਰੁੱਪ-ਬੀ ਦੀ ਆਸਾਮੀ ਤੇ ਕੰਮ ਕਰ ਰਿਹਾ ਹੈ, ਨੂੰ ਹਰ ਵਿੱਤੀ ਸਾਲ ਦੀ ਅਚੱਲ ਸਲਾਨਾ ਪ੍ਰਾਪਰਟੀ ਰਿਟਰਨ ਹਰ ਸਾਲ ਮਿਤੀ 30 ਅਪਰੈਲ ਤੱਕ ਨਿਰਧਾਰਤ ਅਥਾਰਿਟੀ ਰਾਹੀਂ ਪੇਸ਼ ਕਰਨ ਦੀ ਵਿਵਸਥਾ ਹੈ। ਹੁਣ ਇਸ ਸਬੰਧ ਵਿੱਚ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਰਾਜ ਸਰਕਾਰ ਦੇ ਸਮੂਹ ਕਲਾਸ-1 ਅਫਸਰਾਂ ਦੀਆਂ ਪ੍ਰਾਪਰਟੀ ਰਿਟਰਨ ਹਰੇਕ ਸਾਲ ਪੰਜਾਬ ਵਿਧਾਨ ਸਭਾ ਅੱਗੇ ਪੇਸ਼ ਕੀਤੀਆਂ ਜਾਣ।

2. ਉਪਰੋਕਤ ਦੇ ਸਨਮੁੱਖ ਹਦਾਇਤ ਕੀਤੀ ਜਾਂਦੀ ਹੈ ਕਿ ਸਮੂਹ ਵਿਭਾਗਾਂ ਵੱਲੋਂ ਆਪਣੇ ਪ੍ਰਬੰਧਕੀ ਵਿਭਾਗਾਂ ਰਾਹੀਂ ਰਾਜ ਸਰਕਾਰ ਦੇ ਸਮੂਹ ਕਲਾਸ-1 ਅਫਸਰਾਂ ਦੀਆਂ ਪ੍ਰਾਪਰਟੀ ਰਿਟਰਨ ਹਰੇਕ ਸਾਲ ਪੰਜਾਬ ਵਿਧਾਨ ਸਭਾ ਅੱਗੇ ਪੇਸ਼ ਕਰਨ ਨੂੰ ਯਕੀਨੀ ਬਣਾਇਆ ਜਾਵੇ।

3. ਇਹ ਹਦਾਇਤਾਂ ਸਮੂਹ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਦੇ ਧਿਆਨ ਵਿੱਚ ਇੰਨ-ਬਿੰਨ ਪਾਲਣਾ ਲਈ ਲਿਆਉਣਾ ਯਕੀਨੀ ਬਣਾਇਆ ਜਾਵੇ।

ਵਿਸਵਾਸਪਾਤਰ

ਸੁਪਰਡੰਟ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ ਵਧੀਕ ਮੁੱਖ ਸਕੱਤਰ/ਵਿੱਤੀ ਕਮਿਸਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ:4/5/2014-2ਪੀਪੀ2/955073/2 ਮਿਤੀ, ਚੰਡੀਗੜ੍ਹ: 12/4/2017

19473 26/4/17